ਜ਼ਿਲ੍ਹਾ ਮੈਜਿਸਟਰੇਟ ਵੱਲੋਂ 25 ਅਗਸਤ ਨੂੰ ਜ਼ਿਲ੍ਹੇ ਦੇ ਸਮੂਹ ਸਰਕਾਰੀ ਤੇ ਗੈਰ ਸਰਕਾਰੀ ਸਕੂਲ ਤੇ ਕਾਲਜ ਬੰਦ ਰੱਖਣ ਦੇ ਹੁਕਮ ਜਾਰੀ

ਤਰਨਤਾਰਨ, 24 ਅਗਸਤ :

ਡੇਰਾ ਸੱਚਾ ਸੌਦਾ ਸਿਰਸਾ ਦੇ ਮੁਖੀ ਦੀ 25 ਅਗਸਤ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ੀ ਨੂੰ ਲੈ ਕੇ ਲਾਅ ਐਂਡ ਅਰਡਰ ਦੀ ਸਥਿਤੀ ਦੇ ਮੱਦੇ ਨਜ਼ਰ ਜ਼ਿਲ੍ਹਾ ਮੈਜਿਸਟਰੇਟ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ, 25 ਅਗਸਤ, 2017 ਨੂੰ ਜ਼ਿਲ੍ਹਾ ਤਰਨਤਾਰਨ ਦੇ ਸਮੂਹ ਸਰਕਾਰੀ ਤੇ ਗੈਰ ਸਰਕਾਰੀ ਸਕੂਲ ਤੇ ਕਾਲਜ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਹਨ।

